# ਆਕਾਸ਼ਵਾਣੀ ਜਲੰਧਰ

# ਰਾਸ਼ਟਰੀ ਖਬਰਾਂ ਪੰਜਾਬੀ

# 08:30

## ਮਿਤੀ : 28-09-2026

- ਭਾਰਤ ਵਲੋਂ ਪਾਕਿਸਤਾਨ ਸਥਿਤ ਦਹਿਸ਼ਤਗਰਦੀ ਟਿਕਾਣਿਆਂ 'ਤੇ ਸਰਜੀਕਲ ਸਟ੍ਰਾਈਕ ਦੀ ਅੱਜ 10ਵੀਂ ਵਰ੍ਹੇਗੰਢ ਏ-ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਇਸਨੂੰ ਭਾਰਤ ਦੀ ਦਹਿਸ਼ਤਗਰਦੀ ਵਿਰੋਧੀ ਨੀਤੀ ਦੀ ਇੱਕ ਨਵੀਂ ਮਿਸਾਲ ਦੱਸਿਆ।
- ਅੱਜ ਤੋਂ ਤਜਵੀਜ਼ਸ਼ੁਦਾ ਤਿੰਨ ਦਿਨਾਂ ਦੇਸ਼ ਵਿਆਪੀ ਬੈਂਕ ਹੜਤਾਲ ਮੁਲਤਵੀ ਹੋਈ ।
- ਸਰਕਾਰ ਨੇ ਸੈਰ-ਸਪਾਟਾ ਖੇਤਰ ਲਈ ਇੱਕ ਰਾਸ਼ਟਰੀ ਡਿਜੀਟਲ ਜਨਤਕ ਖਾਤਾ ਬਣਾਉਣ ਲਈ ਇੱਕ ਪ੍ਰੋਜੈਕਟ ਸ਼ੁਰੂ ਕੀਤਾ ।
- ਦੇਸ਼ ਅੱਜ ਮਹਾਨ ਇਨਕਲਾਬੀ ਸ਼ਹੀਦ-ਏ-ਆਜ਼ਮ ਭਗਤ ਸਿੰਘ ਦੀ 119ਵੀਂ ਜੈਯੰਤੀ ਮਨਾ ਰਿਹਾ ਏ ।
- ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਅੱਜ ਨਵੀਂ ਦਿੱਲੀ ਵਿੱਚ ਹਾੜੀ ਅਭਿਆਨ 2026 ਲਈ ਦੋ-ਰੋਜ਼ਾ ਰਾਸ਼ਟਰੀ ਖੇਤੀਬਾੜੀ ਸੰਮੇਲਨ ਦਾ ਉਦਘਾਟਨ ਕਰਨਗੇ ।

- ਭਾਰਤ ਨੇ ਤਿਰੂਵਨੰਤਪੁਰਮ ਵਿੱਚ ਪਹਿਲੇ ਇੱਕ ਰੋਜ਼ਾ ਅੰਤਰ-ਰਾਸ਼ਟਰੀ ਮੈਚ ਵਿੱਚ, ਵੈਸਟਇੰਡੀਜ਼ ਨੂੰ 8 ਵਿਕਟਾਂ ਨਾਲ ਹਰਾਇਆ।

-----------------------------------------------

ਭਾਰਤ ਅੱਜ ਸਰਜੀਕਲ ਸਟ੍ਰਾਈਕ ਦੀ 10ਵੀਂ ਵਰ੍ਹੇਗੰਢ ਮਨਾ ਰਿਹਾ ਏ। 28 ਅਤੇ 29 ਸਤੰਬਰ, 2016 ਦੀ ਰਾਤ ਨੂੰ, ਫੌਜ ਨੇ ਕੰਟਰੋਲ ਰੇਖਾ ਦੇ ਪਾਰ ਦਹਿਸ਼ਤਗਰਦੀ ਟਿਕਾਣਿਆਂ ਖਿਲਾਫ ਨਿਸ਼ਾਨਾਬੱਧ ਕਾਰਵਾਈਆਂ ਕੀਤੀਆਂ। ਇਹ ਕਾਰਵਾਈ 18 ਸਤੰਬਰ ਨੂੰ ਉਰੀ ਦਹਿਸ਼ਤਗਰਦੀ ਹਮਲੇ ਤੋਂ ਬਾਅਦ ਕੀਤੀ ਗਈ ਸੀ, ਜਿਸ ਵਿੱਚ 18 ਭਾਰਤੀ ਜਵਾਨ ਸ਼ਹੀਦ ਹੋ ਗਏ ਸਨ। ਇਸ ਕਾਰਵਾਈ ਨੇ ਦਹਿਸ਼ਤਗਰਦੀ ਖਿਲਾਫ ਭਾਰਤ ਦੀ ਸੁਰੱਖਿਆ ਨੀਤੀ ਵਿੱਚ ਇੱਕ ਤਬਦੀਲੀ ਦੀ ਨਿਸ਼ਾਨਦੇਹੀ ਕੀਤੀ। ਇਸ ਤੋਂ ਬਾਅਦ 2019 ਵਿੱਚ ਬਾਲਾਕੋਟ ਅਤੇ 2025 ਵਿੱਚ ਆਪ੍ਰੇਸ਼ਨ ਸਿੰਦੂਰ ਵਿੱਚ ਪਾਕਿਸਤਾਨ ਵਿਰੁੱਧ ਕਾਰਵਾਈਆਂ ਕੀਤੀਆਂ ਗਈਆਂ। ਕੱਲ੍ਹ ਆਕਾਸ਼ਵਾਣੀ 'ਤੇ ਪ੍ਰਸਾਰਿਤ ਆਪਣੇ ਮਨ ਕੀ ਬਾਤ ਪ੍ਰੋਗਰਾਮ ਵਿੱਚ, ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ 2016 ਦੇ ਸਰਜੀਕਲ ਸਟ੍ਰਾਈਕ ਨੂੰ ਇੱਕ ਮਹੱਤਵਪੂਰਨ ਉਪਲਬਧੀ ਦੱਸਿਆ। ਉਨ੍ਹਾਂ ਕਿਹਾ ਕਿ ਪਿਛਲੇ ਦਹਾਕੇ ਵਿੱਚ ਦਹਿਸ਼ਤਗਰਦੀ ਵਿਰੋਧੀ ਭਾਰਤ ਦਾ ਨਜ਼ਰੀਆ ਬਦਲ ਗਿਆ ਏ। ਪ੍ਰਧਾਨ ਮੰਤਰੀ ਨੇ ਕਿਹਾ ਕਿ ਦਹਿਸ਼ਤਗਰਦੀ ਹਮਲਿਆਂ ਦੇ ਲੰਬੇ ਸਮੇਂ ਬਾਅਦ ਸਰਜੀਕਲ ਸਟ੍ਰਾਈਕ

ਭਾਰਤ ਦੀ ਫ਼ੈਸਲਾਕੁਨ ਕਾਰਵਾਈ ਸੀ। ਉਨ੍ਹਾਂ ਨੇ 2008 ਵਿੱਚ ਦਿੱਲੀ ਵਿੱਚ ਹੋਏ ਲੜੀਵਾਰ ਬੰਬ ਧਮਾਕਿਆਂ ਅਤੇ 26/11 ਦੇ ਮੁੰਬਈ ਦਹਿਸ਼ਤਗਰਦੀ ਹਮਲਿਆਂ ਨੂੰ ਯਾਦ ਕੀਤਾ। ਸ੍ਰੀ ਮੋਦੀ ਨੇ ਕਿਹਾ ਕਿ ਦਹਿਸ਼ਤਗਰਦੀ ਵਿਰੁੱਧ ਭਾਰਤ ਦੀ ਨੀਤੀ ਹੁਣ ਦਹਿਸ਼ਤਗਰਦੀ ਪ੍ਰਤੀ ਬਿਲਕੁਲ ਵੀ ਬਰਦਾਸ਼ਤ ਨਾ ਕਰਨ ਦੀ ਏ ।

---------------------------------------------------------------------

ਅੱਜ ਤੋਂ ਸ਼ੁਰੂ ਹੋਣ ਵਾਲੀ ਤਜਵੀਜ਼ਸ਼ੁਦਾ ਤਿੰਨ ਦਿਨਾਂ ਦੇਸ਼ ਵਿਆਪੀ ਬੈਂਕ ਹੜਤਾਲ ਰੱਦ ਕਰ ਦਿੱਤੀ ਗਈ ਏ । ਆਲ ਇੰਡੀਆ ਬੈਂਕ ਇੰਪਲਾਈਜ਼ ਐਸੋਸੀਏਸ਼ਨ ਨੇ ਇਸਦੀ ਪੁਸ਼ਟੀ ਕੀਤੀ ਏ । ਇਹ ਫੈਸਲਾ ਇੰਡੀਅਨ ਬੈਂਕਸ ਐਸੋਸੀਏਸ਼ਨ ਨਾਲ ਹੋਏ ਸਮਝੌਤੇ ਤੋਂ ਬਾਅਦ ਲਿਆ ਗਿਆ ਏ । ਇਸਨੇ ਇੱਕ ਸੋਸ਼ਲ ਮੀਡੀਆ ਪੋਸਟ ਵਿੱਚ ਕਿਹਾ ਕਿ ਹੜਤਾਲ ਰੱਦ ਕਰਨ ਦਾ ਫੈਸਲਾ ਕੱਲ੍ਹ ਰਾਤ ਇੰਡੀਅਨ ਬੈਂਕਸ ਐਸੋਸੀਏਸ਼ਨ ਅਤੇ ਯੂਨਾਈਟਿਡ ਫੋਰਮ ਆਫ਼ ਬੈਂਕ ਯੂਨੀਅਨਾਂ ਵਿਚਕਾਰ ਹੜਤਾਲ ਨਾਲ ਸਬੰਧਤ ਮੁੱਦਿਆਂ 'ਤੇ ਚਰਚਾ ਕਰਨ ਲਈ ਹੋਈ ਮੀਟਿੰਗ ਤੋਂ ਬਾਅਦ ਲਿਆ ਗਿਆ।

--------------------------------------------------

ਸਰਕਾਰ ਨੇ ਸੈਰ-ਸਪਾਟਾ ਖੇਤਰ ਲਈ ਇੱਕ ਰਾਸ਼ਟਰੀ ਡਿਜੀਟਲ ਜਨਤਕ ਬੁਨਿਆਦੀ ਢਾਂਚਾ ਵਿਕਸਤ ਕਰਨ ਲਈ ਇੱਕ ਪ੍ਰੋਜੈਕਟ ਸ਼ੁਰੂ

ਕੀਤਾ ਏ। ਇਹ ਇੱਕ ਸਾਂਝੇ ਡਿਜੀਟਲ ਪਲੇਟਫਾਰਮ 'ਤੇ ਵੱਖ-ਵੱਖ ਸੈਰ-ਸਪਾਟਾ-ਸਪਾਟਾ-ਸਬੰਧਤ ਸੇਵਾਵਾਂ ਅਤੇ ਸਹੂਲਤਾਂ ਤੱਕ ਪਹੁੰਚ ਪ੍ਰਦਾਨ ਕਰੇਗਾ। ਮੰਤਰਾਲੇ ਨੇ ਇੱਕ ਰਾਸ਼ਟਰੀ ਡਿਜੀਟਲ ਟੂਰਿਜ਼ਮ ਸਟੈਕ ਵਿਕਸਤ ਕਰਨ ਲਈ ਓਪਨ ਨੈੱਟਵਰਕ ਫਾਰ ਡਿਜੀਟਲ ਕਾਮਰਸ (ONDC) ਨਾਲ ਸਹਿਯੋਗ ਕੀਤਾ ਏ। ਟੀਚਾ 23,000 ਸੈਰ-ਸਪਾਟਾ ਤਜਰਬਿਆਂ ਅਤੇ ਹੋਮਸਟੇ ਨੂੰ ਇਸ ਮੰਚ ਨਾਲ ਜੋੜਨਾ ਅਤੇ 2028 ਦੇ ਅੰਤ ਤੱਕ ਉਨ੍ਹਾਂ ਨੂੰ ਬੁੱਕ ਕਰਨ ਯੋਗ ਬਣਾਉਣਾ ਏ। ਸੈਰ-ਸਪਾਟਾ ਮੰਤਰੀ ਗਜੇਂਦਰ ਸਿੰਘ ਸ਼ੇਖਾਵਤ ਨੇ ਕੱਲ੍ਹ ਵਿਸ਼ਵ ਸੈਰ-ਸਪਾਟਾ ਦਿਵਸ 'ਤੇ ਭਾਰਤ ਮੰਡਪਮ ਵਿਖੇ ਆਯੋਜਿਤ ਇੱਕ ਸਮਾਗਮ ਵਿੱਚ ਇਸ ਪ੍ਰੋਜੈਕਟ ਦੀ ਸ਼ੁਰੂਆਤ ਕੀਤੀ। ਮੰਤਰਾਲੇ ਦੇ ਅਨੁਸਾਰ, ਇਹ ਡਿਜੀਟਲ ਬੁਨਿਆਦੀ ਢਾਂਚਾ, ONDC ਅਤੇ ਇੰਟਰਨੈਸ਼ਨਲ ਸੈਂਟਰ ਫਾਰ DPI ਇਨੋਵੇਸ਼ਨ ਐਂਡ ਐਡਵਾਂਸਮੈਂਟ (ICDIA) ਦੇ ਸਹਿਯੋਗ ਨਾਲ ਵਿਕਸਤ ਕੀਤਾ ਜਾ ਰਿਹਾ ਏ , ਸੈਰ-ਸਪਾਟਾ ਵਿਕਲਪਾਂ ਨੂੰ ਵਧੇਰੇ ਪਹੁੰਚਯੋਗ ਅਤੇ ਭਰੋਸੇਮੰਦ ਬਣਾਏਗਾ। ਸਮਾਗਮ ਵਿੱਚ ਬੋਲਦੇ ਹੋਏ, ਸੈਰ-ਸਪਾਟਾ ਸਕੱਤਰ ਭੁਵਨੇਸ਼ ਕੁਮਾਰ ਨੇ ਕਿਹਾ ਕਿ ਪ੍ਰੋਜੈਕਟ ਦੇ ਉੱਨਤ ਪੜਾਵਾਂ ਵਿੱਚ AI ਦੀ ਵਰਤੋਂ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਨੈਸ਼ਨਲ ਡਿਜੀਟਲ ਟੂਰਿਜ਼ਮ ਸਟੈਕ ਇੱਕ-ਟਿਕਟ, ਇੱਕ-ਪਾਸ ਪਹੁੰਚ ਦੀ ਕਲਪਨਾ ਕਰਦਾ ਹੈ, ਜੋ ਪੂਰੇ ਦੇਸ਼ ਨੂੰ ਇੱਕ ਯਾਤਰਾ ਅਨੁਭਵ ਨਾਲ ਜੋੜਦਾ ਏ।

ਇਸ ਡਿਜੀਟਲ ਬੁਨਿਆਦੀ ਢਾਂਚੇ ਦਾ ਉਦੇਸ਼ ਸੈਲਾਨੀਆਂ ਨੂੰ ਦੇਸ਼ ਵਿੱਚ ਹੋਰ ਸਥਾਨਾਂ ਤੱਕ ਪਹੁੰਚ ਪ੍ਰਦਾਨ ਕਰਨਾ, ਯਾਤਰਾ ਦੀ ਸਹੂਲਤ ਦੇਣਾ, ਆਸਾਨ ਬੁਕਿੰਗ ਅਤੇ ਅਦਾਇਗੀ ਦੀ ਸਹੂਲਤ ਦੇਣਾ ਅਤੇ ਕਾਗਜ਼ੀ ਕਾਰਵਾਈ ਨੂੰ ਘਟਾਉਣਾ ਏ ।

---------------------------------------------

ਭਾਰਤ ਨੇ ਅਫਗਾਨਿਸਤਾਨ ਨੂੰ ਮਾਨਵਤਾਵਾਦੀ ਸਹਾਇਤਾ ਦੇ ਹਿੱਸੇ ਵਜੋਂ ਕਾਬੁਲ ਦੇ ਇੱਕ ਸਰਕਾਰੀ ਹਸਪਤਾਲ ਨੂੰ ਜੀਵਨ ਰੱਖਿਅਕ ਦਵਾਈਆਂ ਅਤੇ ਡਾਕਟਰੀ ਸਪਲਾਈ ਦੀ ਇੱਕ ਖੇਪ ਭੇਜੀ ਏ । ਵਿਦੇਸ਼ ਮੰਤਰਾਲੇ ਦੇ ਬੁਲਾਰੇ ਰਣਧੀਰ ਜੈਸਵਾਲ ਨੇ ਇੱਕ ਸੋਸ਼ਲ ਮੀਡੀਆ ਪੋਸਟ ਵਿੱਚ ਕਿਹਾ ਕਿ ਅਫਗਾਨ ਲੋਕਾਂ ਨੂੰ ਭਾਰਤ ਦੀ ਸਹਾਇਤਾ ਵਿੱਚ ਸਿਹਤ ਖੇਤਰ ਨੂੰ ਵਿਸ਼ੇਸ਼ ਤਰਜੀਹ ਦਿੱਤੀ ਜਾ ਰਹੀ ਏ ।

---------------------------------------------

ਦੇਸ਼ ਅੱਜ ਮਹਾਨ ਇਨਕਲਾਬੀ ਸ਼ਹੀਦ-ਏ-ਆਜ਼ਮ ਭਗਤ ਸਿੰਘ ਦੀ 119ਵੀਂ ਜੈਯੰਤੀ ਮਨਾ ਰਿਹਾ ਏ। 1907 ਵਿੱਚ ਅੱਜ ਦੇ ਦਿਨ, ਭਗਤ ਸਿੰਘ ਦਾ ਜਨਮ ਪੰਜਾਬ ਦੇ ਤਤਕਾਲੀ ਲਾਇਲਪੁਰ ਜ਼ਿਲ੍ਹੇ ਦੇ ਪਿੰਡ ਬੰਗਾ ਵਿੱਚ ਸ਼੍ਰੀਮਤੀ ਵਿਦਿਆਵਤੀ ਅਤੇ ਸ਼੍ਰੀ ਕਿਸ਼ਨ ਸਿੰਘ ਦੇ ਘਰ ਹੋਇਆ ਸੀ।

*ਹੋਰ ਵੇਰਵੇ ਨਾਲ ਇਕ ਰਿਪੋਰਟ :RNU280926*

*ਭਗਤ ਸਿੰਘ ਦਾ ਜਨਮ ਕ੍ਰਾਂਤੀਕਾਰੀਆਂ ਦੇ ਪਰਿਵਾਰ ਵਿਚ ਹੋਇਆ ਸੀ ਅਤੇ ਉਹ ਸੱਤ*

*ਭੈਣਾਂ-ਭਰਾਵਾਂ ਵਿਚ ਦੂਜੇ ਸਥਾਨ 'ਤੇ ਸਨ। ਉਨ੍ਹਾਂ ਨੂੰ ਪਿਆਰ ਨਾਲ 'ਭਾਗਾਂਵਾਲਾ' ਕਿਹਾ ਜਾਂਦਾ ਸੀ । ਉਨ੍ਹਾਂ ਨੇ ਰਾਜਗੁਰੂ ਜੀ ਅਤੇ ਸੁਖਦੇਵ ਜੀ ਦੇ ਨਾਲ ਦੇਸ਼ ਲਈ ਆਪਣੀ ਕੁਰਬਾਨੀ ਦੇਕੇ ਆਪਣੇ ਇਸ ਪਿਆਰ ਦੇ ਨਾਮ ਨੂੰ ਸਾਰਥਕ ਕਰ ਦਿੱਤਾ । ਉਨ੍ਹਾਂ ਦਾ ਜਨਮਦਿਨ ਮਨਾਉਣ ਲਈ ਲੁਧਿਆਣੇ ਵਿਖੇ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਵਿੱਚ 'ਜਸ਼ਨ-ਏ-ਇੰਕਲਾਬ' ਨਾ ਦਾ ਇੱਕ ਰਾਜ-ਪੱਧਰੀ ਸੱਭਿਆਚਾਰਕ ਪ੍ਰੋਗਰਾਮ ਕਰਵਾਇਆ ਜਾ ਰਿਹਾ ਹੈ।*
*ਲੋਕ ਸ਼ਹੀਦ ਭਗਤ ਸਿੰਘ ਨਗਰ ਸਥਿਤ ਉਨ੍ਹਾਂ ਦੇ ਜਦੀ ਪਿੰਡ ਖਟਕੜ ਕਲਾਂ ਵਿੱਚ ਵੀ ਇਸ ਮਹਾਨ ਸਪੂਤ ਨੂੰ ਸ਼ਰਧਾਂਜਲੀ ਅਰਪਿਤ ਕਰ ਰਹੇ ਹਨ। <><>*
*ਰਾਜੇਸ਼ ਬਾਲੀ/ਆਕਾਸ਼ਵਾਣੀ ਖ਼ਬਰਾਂ /ਜਾਲੰਧਰ*

-----------------------------------------------------

ਪੰਜਾਬ ਦੇ ਫਗਵਾੜਾ ਵਿੱਚ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਵਿੱਚ ਵਿਦਿਆਰਥੀਆਂ ਦੇ ਵਿਰੋਧ ਪ੍ਰਦਰਸ਼ਨ ਬੀਤੀ ਰਾਤ ਹਿੰਸਕ ਹੋ ਗਿਆ । ਵਿਦਿਆਰਥੀਆਂ ਅਤੇ ਪੁਲਿਸ ਵਿਚਕਾਰ ਝੜਪਾਂ ਕਾਰਨ ਸਥਿਤੀ ਨੂੰ ਕਾਬੂ ਕਰਨ ਲਈ ਲਾਠੀਚਾਰਜ ਕਰਨਾ ਪਿਆ। ਯੂਨੀਵਰਸਿਟੀ ਅੱਜ ਤੋਂ ਦਸ ਦਿਨਾਂ ਲਈ ਬੰਦ ਕਰ ਦਿੱਤੀ ਗਈ ਏ ਅਤੇ ਮਿਡਟਰਮ ਪ੍ਰੀਖਿਆਵਾਂ ਅਗਲੇ ਨੋਟਿਸ ਤੱਕ ਮੁਲਤਵੀ ਕਰ ਦਿੱਤੀਆਂ ਗਈਆਂ ਹਨ। ਵਿਦਿਆਰਥੀ ਬੀਤੀ ਦੇਰ ਰਾਤ ਤੋਂ ਨਵੀਂ ਦਿੱਲੀ ਨੂੰ ਅੰਮ੍ਰਿਤਸਰ ਨਾਲ ਜੋੜਨ ਵਾਲੇ ਰਾਸ਼ਟਰੀ ਰਾਜ-ਮਾਰਗ ਨੂੰ ਜਾਮ ਕਰ ਰਹੇ ਸਨ ਅਤੇ ਐਲਪੀਯੂ ਕੈਂਪਸ ਵਿੱਚ ਵੀ ਭੰਨਤੋੜ ਕੀਤੀ ਸੀ। ਜਦੋਂ ਪੁਲਿਸ ਨੇ ਰਾਜ-

ਮਾਰਗ  ਨੂੰ ਖਾਲੀ ਕਰਵਾਉਣ ਦੀ ਕੋਸ਼ਿਸ਼ ਕੀਤੀ ਤਾਂ ਵਿਦਿਆਰਥੀਆਂ ਨੇ ਪੁਲਿਸ ਮੁਲਾਜ਼ਮਾਂ 'ਤੇ ਪੱਥਰ ਸੁੱਟੇ, ਜਿਸ ਨਾਲ ਕੁਝ ਮੁਲਾਜ਼ਮ ਜ਼ਖਮੀ ਹੋ ਗਏ। ਉਨ੍ਹਾਂ ਨੇ ਪੁਲਿਸ ਵਾਹਨਾਂ ਨੂੰ ਵੀ ਨੁਕਸਾਨ ਪਹੁੰਚਾਇਆ ਅਤੇ ਅੱਗ ਲਗਾ ਦਿੱਤੀ। ਸਥਿਤੀ ਨੂੰ ਕਾਬੂ ਕਰਨ ਲਈ ਪੁਲਿਸ ਨੂੰ ਹਲਕਾ ਲਾਠੀਚਾਰਜ ਕਰਨਾ ਪਿਆ। ਸਾਡੇ ਪੱਤਰਕਾਰ ਨੇ ਦਸਿਆ ਏ ਕਿ ਵਿਦਿਆਰਥੀ ਕੁਝ ਦਿਨ ਪਹਿਲਾਂ ਯੂਨੀਵਰਸਿਟੀ ਕੰਪਲੈਕਸ ਵਿੱਚ ਇੱਕ ਮਹਿਲਾ ਵਿਦਿਆਰਥੀ ਨਾਲ ਕਥਿਤ ਜਬਰ ਜਨਾਹ ਦਾ ਵਿਰੋਧ ਕਰ ਰਹੇ ਹਨ ਅਤੇ ਯੂਨੀਵਰਸਿਟੀ ਅਧਿਕਾਰੀਆਂ ਵੱਲੋਂ ਕੋਈ ਕਾਰਵਾਈ ਨਹੀਂ ਕੀਤੀ ਗਈ। ਜਲੰਧਰ ਰੇਂਜ ਦੇ ਡੀ.ਆਈ.ਜੀ ਨਵੀਨ ਸਿੰਗਲਾ ਨੇ ਮੀਡੀਆ ਨੂੰ ਦੱਸਿਆ ਕਿ ਮਾਮਲੇ ਦੀ ਜਾਂਚ ਲਈ ਸੀਨੀਅਰ ਪੁਲਿਸ ਅਧਿਕਾਰੀਆਂ ਅਤੇ ਵਿਦਿਆਰਥੀ ਨੁਮਾਇੰਦਿਆਂ ਦੀ ਇੱਕ ਵਿਸ਼ੇਸ਼ ਜਾਂਚ ਟੀਮ -SIT ਦਾ ਗਠਨ ਕੀਤਾ ਗਿਆ ਏ । ਇਸ ਦੌਰਾਨ, ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਨੇ ਰਜਿਸਟਰਾਰ ਮੋਨਿਕਾ ਗੁਲਾਟੀ ਵੱਲੋਂ ਜਾਰੀ ਇੱਕ ਬਿਆਨ ਵਿੱਚ, ਕਥਿਤ ਜਬਰ ਜਨਾਹ ਦੇ ਇਲਜ਼ਾਮਾਂ ਨੂੰ ਅਫਵਾਹ ਦੱਸਿਆ ਏ ਅਤੇ ਕੀਆਹ ਕਿ ਇਹ ਝੂਠੀਆਂ, ਬੇਬੁਨਿਆਦ ਅਤੇ ਮਨਘੜਤ ਹਨ। ਯੂਨੀਵਰਸਿਟੀ ਨੇ ਉਨ੍ਹਾਂ ਵਿਦਿਆਰਥੀਆਂ ਨੂੰ ਸਲਾਹ ਦਿੱਤੀ ਏ ਜੋ ਬੰਦ ਦੌਰਾਨ ਘਰ ਵਾਪਸ ਨਹੀਂ ਜਾ ਰਹੇ ਨੇ ਕਿ ਉਹ ਆਪਣੇ ਹੋਸਟਲਾਂ ਦੇ ਅੰਦਰ ਰਹਿਣ ਅਤੇ ਸ਼ਾਂਤ ਰਹਿੰਦੇ ਹੋਏ ਅਧਿਕਾਰਤ

ਨਿਰਦੇਸ਼ਾਂ ਦੀ ਪਾਲਣਾ ਕਰਨ।

---------------------------------------------------

ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਅੱਜ ਨਵੀਂ ਦਿੱਲੀ ਵਿੱਚ ਹਾੜ੍ਹੀ ਅਭਿਆਨ 2026 ਲਈ ਦੋ-ਰੋਜ਼ਾ ਰਾਸ਼ਟਰੀ ਖੇਤੀਬਾੜੀ ਸੰਮੇਲਨ ਦਾ ਉਦਘਾਟਨ ਕਰਨਗੇ। ਵਿਭਾਗ ਵਲੋਂ ਆਯੋਜਿਤ, ਇਸ ਸੰਮੇਲਨ ਵਿੱਚ ਆਉਣ ਵਾਲੇ ਹਾੜ੍ਹੀ ਸੀਜ਼ਨ ਦੀਆਂ ਤਿਆਰੀਆਂ ਅਤੇ ਖੇਤੀਬਾੜੀ ਖੇਤਰ ਲਈ ਮੁੱਖ ਤਰਜੀਹਾਂ 'ਤੇ ਚਰਚਾ ਕੀਤੀ ਜਾਵੇਗੀ। ਮੰਤਰਾਲੇ ਦੇ ਅਨੁਸਾਰ, ਇਸ ਸੰਮੇਲਨ ਵਿੱਚ ਕੇਂਦਰ ਅਤੇ ਰਾਜ ਸਰਕਾਰਾਂ ਵਿਚਕਾਰ ਬਿਹਤਰ ਤਾਲਮੇਲ ਅਤੇ ਖੇਤੀਬਾੜੀ ਉਤਪਾਦਨ, ਉਤਪਾਦਕਤਾ, ਸਥਿਰਤਾ ਅਤੇ ਕਿਸਾਨਾਂ ਦੀ ਆਮਦਨ ਵਧਾਉਣ ਲਈ ਇੱਕ ਸਾਂਝੀ ਰਣਨੀਤੀ ਵਿਕਸਤ ਕਰਨ 'ਤੇ ਵਿਚਾਰ ਕੀਤਾ ਜਾਵੇਗਾ।

---------------------------------------------------

ਭਾਰਤ ਨੇ ਤਿਰੂਵਨੰਤਪੁਰਮ ਵਿੱਚ ਪਹਿਲੇ ਇੱਕ ਰੋਜ਼ਾ ਅੰਤਰ-ਰਾਸ਼ਟਰੀ ਮੈਚ ਵਿੱਚ ਵੈਸਟਇੰਡੀਜ਼ ਨੂੰ 8 ਵਿਕਟਾਂ ਨਾਲ ਹਰਾ ਕੇ ਤਿੰਨ ਮੈਚਾਂ ਦੀ ਲੜੀ ਵਿੱਚ 1-0 ਦੀ ਬੜ੍ਹਤ ਬਣਾ ਲਈ ਏ । 296 ਦੌੜਾਂ ਦੇ ਟੀਚੇ ਦਾ ਪਿੱਛਾ ਕਰਦੇ ਹੋਏ, ਭਾਰਤ ਨੇ 41 ਓਵਰਾਂ ਅਤੇ ਚਾਰ ਗੇਂਦਾਂ ਵਿੱਚ ਦੋ ਵਿਕਟਾਂ ਦੇ ਨੁਕਸਾਨ 'ਤੇ 300 ਦੌੜਾਂ ਬਣਾ ਕੇ ਜਿੱਤ ਹਾਸਿਲ ਕੀਤੀ ।

ਵਿਰਾਟ ਕੋਹਲੀ ਨੇ ਨਾਬਾਦ 139 ਦੌੜਾਂ ਬਣਾ ਕੇ ਭਾਰਤ ਦੀ ਜਿੱਤ ਵਿੱਚ ਅਹਿਮ ਭੂਮਿਕਾ ਨਿਭਾਈ। ਇਹ ਉਨ੍ਹਾਂ ਦਾ ਇਕ ਰੋਜ਼ਾ ਕ੍ਰਿਕਟ ਵਿਚ 55ਵਾਂ ਸੈਂਕੜਾ ਸੀ। ਇਸ ਦੇ ਨਾਲ, ਉਹ ਸਚਿਨ ਤੇਂਦੁਲਕਰ ਤੋਂ ਬਾਅਦ ਇੱਕ ਰੋਜ਼ਾ ਕ੍ਰਿਕਟ ਵਿੱਚ 15,000 ਦੌੜਾਂ ਪੂਰੀਆਂ ਕਰਨ ਵਾਲਾ ਦੂਜਾ ਬੱਲੇਬਾਜ਼ ਬਣ ਗਏ ਨੇ । ਕੁਲਦੀਪ ਯਾਦਵ ਨੇ ਭਾਰਤ ਲਈ ਚਾਰ ਵਿਕਟ ਲਏ ਅਤੇ ਉਨ੍ਹਾਂ ਨੂੰ 'ਮੈਨ ਆਫ ਦਿ ਮੈਚ' ਐਲਾਨਿਆ ਗਿਆ।

---------------------------------------------------

ਭਾਰਤ ਅੱਜ ਏਸ਼ੀਆਈ ਖੇਡਾਂ ਵਿੱਚ ਮਰਦਾਂ ਦੇ ਕ੍ਰਿਕਟ ਟੂਰਨਾਮੈਂਟ ਦੇ ਦੂਜੇ ਕੁਆਰਟਰ ਫਾਈਨਲ ਵਿੱਚ ਅਫਗਾਨਿਸਤਾਨ ਦਾ ਸਾਹਮਣਾ ਕਰੇਗਾ। ਇਹ ਮੈਚ ਭਾਰਤੀ ਸਮੇਂ ਅਨੁਸਾਰ ਸਵੇਰੇ ਸਾਢੇ 10 ਵਜੇ ਸ਼ੁਰੂ ਹੋਵੇਗਾ। ਸ਼੍ਰੇਅਸ ਅਈਅਰ ਦੀ ਕਪਤਾਨੀ ਹੇਠ, ਮੌਜੂਦਾ ਚੈਂਪੀਅਨ ਭਾਰਤ ਸਿੱਧੇ ਕੁਆਰਟਰ ਫਾਈਨਲ ਵਿੱਚ ਪਹੁੰਚ ਗਿਆ ਏ ਅਤੇ ਆਪਣਾ ਖਿਤਾਬ ਬਰਕਰਾਰ ਰੱਖਣ ਦਾ ਟੀਚਾ ਰੱਖੇਗਾ। ਇਸ ਦੌਰਾਨ, ਅਫਗਾਨਿਸਤਾਨ ਜਾਪਾਨ ਨੂੰ ਹਰਾਉਣ ਤੋਂ ਬਾਅਦ ਕੁਆਰਟਰ ਫਾਈਨਲ ਵਿੱਚ ਪਹੁੰਚਿਆ, ਪਰ ਗਰੁੱਪ ਗੇੜ ਵਿੱਚ ਨੇਪਾਲ ਤੋਂ ਹਾਰ ਗਿਆ। ਅਫਗਾਨਿਸਤਾਨ ਦੀ ਟੀਮ ਭਾਰਤ ਨੂੰ ਸਖ਼ਤ ਟੱਕਰ ਦੇਣ ਅਤੇ ਸੈਮੀਫਾਈਨਲ ਵਿੱਚ ਜਗ੍ਹਾ ਪੱਕੀ ਕਰਨ ਲਈ ਮੈਦਾਨ ਵਿਚ ਉਤਰੇਗੀ ।

---

- ਭਾਰਤ ਵਲੋਂ ਪਾਕਿਸਤਾਨ ਸਥਿਤ ਦਹਿਸ਼ਤਗਰਦੀ ਟਿਕਾਣਿਆਂ 'ਤੇ ਸਰਜੀਕਲ ਸਟ੍ਰਾਈਕ ਦੀ ਅੱਜ 10ਵੀਂ ਵਰ੍ਹੇਗੰਢ ਏ-ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਇਸਨੂੰ ਭਾਰਤ ਦੀ ਦਹਿਸ਼ਤਗਰਦੀ ਵਿਰੋਧੀ ਨੀਤੀ ਦੀ ਇੱਕ ਨਵੀਂ ਮਿਸਾਲ ਦੱਸਿਆ।
- ਅੱਜ ਤੋਂ ਤਜਵੀਜ਼ਸ਼ੁਦਾ ਤਿੰਨ ਦਿਨਾਂ ਦੇਸ਼ ਵਿਆਪੀ ਬੈਂਕ ਹੜਤਾਲ ਮੁਲਤਵੀ ਹੋਈ ।
- ਸਰਕਾਰ ਨੇ ਸੈਰ-ਸਪਾਟਾ ਖੇਤਰ ਲਈ ਇੱਕ ਰਾਸ਼ਟਰੀ ਡਿਜੀਟਲ ਜਨਤਕ ਖਾਤਾ ਬਣਾਉਣ ਲਈ ਇੱਕ ਪ੍ਰੋਜੈਕਟ ਸ਼ੁਰੂ ਕੀਤਾ ।
- ਦੇਸ਼ ਅੱਜ ਮਹਾਨ ਇਨਕਲਾਬੀ ਸ਼ਹੀਦ-ਏ-ਆਜ਼ਮ ਭਗਤ ਸਿੰਘ ਦੀ 119ਵੀਂ ਜੈਯੰਤੀ ਮਨਾ ਰਿਹਾ ਏ ।
- ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਅੱਜ ਨਵੀਂ ਦਿੱਲੀ ਵਿੱਚ ਹਾੜੀ ਅਭਿਆਨ 2026 ਲਈ ਦੋ-ਰੋਜ਼ਾ ਰਾਸ਼ਟਰੀ ਖੇਤੀਬਾੜੀ ਸੰਮੇਲਨ ਦਾ ਉਦਘਾਟਨ ਕਰਨਗੇ ।
- ਭਾਰਤ ਨੇ ਤਿਰੂਵਨੰਤਪੁਰਮ ਵਿੱਚ ਪਹਿਲੇ ਇੱਕ ਰੋਜ਼ਾ ਅੰਤਰ-ਰਾਸ਼ਟਰੀ ਮੈਚ ਵਿੱਚ, ਵੈਸਟਇੰਡੀਜ਼ ਨੂੰ 8 ਵਿਕਟਾਂ ਨਾਲ ਹਰਾਇਆ ।

ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਖਬਰਾਂ ਦਾ ਅਗ ਲਾ ਬੁਲੇਟਿਨ ਤੁਸੀਂ ਸੁਣੋਗ 1.10 ਨਮਸਕਾਰ